ਐਸਾ ਨਾਮੁ ਰਤਨੁ ਨਿਰਮੋਲਕੁ ਪੁੰਨਿ ਪਦਾਰਥੁ ਪਾਇਆ ॥ ਅਨਿਕ ਜਤਨ ਕਰਿ ਹਿਰਦੈ ਰਾਖਿਆ ਰਤਨੁ ਨ ਛਪੈ ਛਪਾਇਆ ॥੧॥ ਹਰਿ ਗੁਨ ਕਹਤੇ ਕਹਨੁ ਨ ਜਾਈ ॥ ਜੈਸੇ ਗੂੰਗੇ ਕੀ ਮਿਠਿਆਈ ॥੧॥ ਰਹਾਉ ॥ ਰਸਨਾ ਰਮਤ ਸੁਨਤ ਸੁਖੁ ਸ੍ਰਵਨਾ ਚਿਤ ਚੇਤੇ ਸੁਖੁ ਹੋਈ ॥ ਕਹੁ ਭੀਖਨ ਦੁਇ ਨੈਨ ਸੰਤੋਖੇ ਜਹ ਦੇਖਾਂ ਤਹ ਸੋਈ ॥੨॥੨॥ {ਪੰਨਾ 659}

ਪਦਅਰਥ:- ਨਿਰਮੋਲਕੁ—ਜਿਸ ਦਾ ਮੁੱਲ ਨਹੀਂ ਪੈ ਸਕਦਾ, ਜੋ ਕਿਸੇ ਮੁੱਲ ਨਹੀਂ ਮਿਲ ਸਕਦਾ। ਪੁੰਨਿ—ਪੁੰਨ ਨਾਲ, ਭਾਗਾਂ ਨਾਲ। ਪਾਇਆ—ਪਾਈਦਾ ਹੈ, ਮਿਲਦਾ ਹੈ।1।

ਕਹਨੁ ਨ ਜਾਈ—(ਸੁਆਦ) ਦੱਸਿਆ ਨਹੀਂ ਜਾ ਸਕਦਾ। ਰਹਾਉ।

ਰਸਨਾ—ਜੀਭ। ਰਮਤ—ਜਪਦਿਆਂ। ਸ੍ਰਵਨਾ—ਕੰਨਾਂ ਨੂੰ। ਚੇਤੇ—ਯਾਦ ਕਰਦਿਆਂ। ਹੋਈ—ਹੁੰਦਾ ਹੈ। ਕਹੁ—ਆਖ। ਭੀਖਨ—ਹੇ ਭੀਖਨ! ਸੰਤੋਖੇ—ਸ਼ਾਂਤ ਹੋ ਗਏ ਹਨ, ਠੰਡ ਪੈ ਗਈ ਹੈ। ਦੇਖਾਂ—ਮੈਂ ਵੇਖਦਾ ਹਾਂ। ਤਹ—ਉਧਰ ਹੀ।2।

ਅਰਥ:- ਪਰਮਾਤਮਾ ਦਾ ਨਾਮ ਇਕ ਐਸਾ ਅਮੋਲਕ ਪਦਾਰਥ ਹੈ ਜੋ ਭਾਗਾਂ ਨਾਲ ਮਿਲਦਾ ਹੈ। ਇਸ ਰਤਨ ਨੂੰ ਜੇ ਅਨੇਕਾਂ ਜਤਨ ਕਰ ਕੇ ਭੀ ਹਿਰਦੇ ਵਿਚ (ਗੁਪਤ) ਰੱਖਏ, ਤਾਂ ਭੀ ਲੁਕਾਇਆਂ ਇਹ ਲੁਕਦਾ ਨਹੀਂ।1।

(ਉਂਵ ਉਹ ਸੁਆਦ) ਦੱਸਿਆ ਨਹੀਂ ਜਾ ਸਕਦਾ (ਜੋ) ਪਰਮਾਤਮਾ ਦੇ ਗੁਣ ਗਾਉਂਦਿਆਂ (ਆਉਂਦਾ ਹੈ), ਜਿਵੇਂ ਗੁੰਗੇ ਮਨੁੱਖ ਦੀ ਖਾਧੀ ਮਠਿਆਈ (ਦਾ ਸੁਆਦ ਕਿਸੇ ਹੋਰ ਨੂੰ ਪਤਾ ਨਹੀਂ ਲੱਗ ਸਕਦਾ, ਗੁੰਗਾ ਦੱਸ ਨਹੀਂ ਸਕਦਾ)।1। ਰਹਾਉ।

(ਇਹ ਰਤਨ-ਨਾਮ) ਜਪਦਿਆਂ ਜੀਭ ਨੂੰ ਸੁਖ ਮਿਲਦਾ ਹੈ, ਸੁਣਦਿਆਂ ਕੰਨਾਂ ਨੂੰ ਸੁਖ ਮਿਲਦਾ ਹੈ ਤੇ ਚੇਤਦਿਆਂ ਚਿੱਤ ਨੂੰ ਸੁਖ ਪ੍ਰਾਪਤ ਹੁੰਦਾ ਹੈ। ਹੇ ਭੀਖਨ! (ਤੂੰ ਭੀ) ਆਖ—(ਇਹ ਨਾਮ ਸਿਮਰਦਿਆਂ) ਮੇਰੀਆਂ ਦੋਹਾਂ ਅੱਖਾਂ ਵਿਚ (ਐਸੀ) ਠੰਢ ਪਈ ਹੈ ਕਿ ਮੈਂ ਜਿੱਧਰ ਤੱਕਦਾ ਹਾਂ ਉਸ ਪਰਮਾਤਮਾ ਨੂੰ ਹੀ ਵੇਖਦਾ ਹਾਂ।2। 2।